# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 03-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜ਼ੋਰ ਦੇ ਕੇ ਕਿਹਾ ਏ ਕਿ ਦੇਸ਼ ਹੁਣ ਤਕਨਾਲੋਜੀ ਦਾ ਸਿਰਫ਼ ਖਪਤਕਾਰ ਹੋਣ ਦੀ ਬਜਾਏ ਤਕਨੀਕੀ ਤਬਦੀਲੀ ਦਾ ਮੋਢੀ ਬਣ ਗਿਆ ਏ। ਪ੍ਰਧਾਨ ਮੰਤਰੀ ਨੇ ਇਹ ਗੱਲ ਅੱਜ ਸਵੇਰੇ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਉਭਰਦੇ ਵਿਗਿਆਨ ਅਤੇ ਤਕਨਾਲੋਜੀ ਇਨੋਵੇਸ਼ਨ ਕਨਕਲੇਵ 2025 ਦਾ ਉਦਘਾਟਨ ਕਰਨ ਤੋਂ ਬਾਅਦ ਕਹੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਦੇਸ਼ ਵਿੱਚ ਨਵੀਆਂ ਕਾਢਾਂ ਦੇ ਆਧੁਨਿਕ ਈਕੋ-ਸਿਸਟਮ ਨੂੰ ਬਣਾਉਣ ਲਈ ਖੋਜ ਕਰਨ ਦੀ ਸੌਖ 'ਤੇ ਧਿਆਨ ਕੇਂਦਰਿਤ ਕਰ ਰਹੀ ਏ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਦੇਸ਼ ਵਿੱਚ ਦੁਨੀਆ ਦਾ ਸਭ ਤੋਂ ਸਫਲ ਡਿਜੀਟਲ ਜਨਤਕ ਬੁਨਿਆਦੀ ਢਾਂਚਾ ਬਣਾਇਆ ਗਿਆ ਏ

byte

ਪ੍ਰਧਾਨ ਮੰਤਰੀ ਨੇ ਦੇਸ਼ ਵਿੱਚ ਖੋਜ ਅਤੇ ਵਿਕਾਸ ਈਕੋ-ਸਿਸਟਮ ਨੂੰ ਵੱਡਾ ਹੁਲਾਰਾ ਦੇਣ ਲਈ ਇੱਕ ਲੱਖ ਕਰੋੜ ਰੁਪਏ ਦੇ ਖੋਜ ਵਿਕਾਸ ਅਤੇ ਨਵੀਨਤਾ ਯੋਜਨਾ ਫੰਡ ਦੀ ਸ਼ੁਰੂਆਤ ਵੀ ਕੀਤੀ।

---------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨ ਸ੍ਰੀ ਮੁਕਤਸਰ ਸਾਹਿਬ ਵਿੱਚ 138 ਕਰੋੜ 82 ਲੱਖ ਰੁਪਏ ਦੀ ਲਾਗਤ ਵਾਲੇ ਸੀਵਰੇਜ ਅਤੇ ਜਲ ਸਪਲਾਈ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ। ਇੱਥੋਂ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿੱਚ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 138.82 ਕਰੋੜ ਰੁਪਏ ਦੇ ਪ੍ਰਾਜੈਕਟਾਂ ਵਿੱਚ ਨਵੇਂ ਸੀਵਰੇਜ ਸਿਸਟਮ ਲਈ 90 ਕਰੋੜ 68 ਲੱਖ ਰੁਪਏ ਜਦਕਿ ਜਲ ਸਪਲਾਈ ਦੇ ਪ੍ਰਾਜੈਕਟਾਂ ਲਈ 48 ਕਰੋੜ 14 ਲੱਖ ਰੁਪਏ ਖਰਚੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਸ਼ਹਿਰ ਵਿੱਚ 31 ਹਜ਼ਾਰ ਘਰ ਨੇ ਅਤੇ ਇਨ੍ਹਾਂ ਪ੍ਰਾਜੈਕਟਾਂ ਦੇ ਮੁਕੰਮਲ ਹੋਣ ਨਾਲ ਇਕ ਲੱਖ 58 ਹਜ਼ਾਰ ਲੋਕਾਂ ਨੂੰ ਫਾਇਦਾ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਮੈਂ ਖੁਦ ਨੂੰ ਭਾਗਾਂ ਵਾਲਾ ਸਮਝਦਾ ਹਾਂ ਕਿ ਪਰਮਾਤਮਾ ਨੇ ਇਸ ਇਤਿਹਾਸਕ ਸ਼ਹਿਰ ਵਿੱਚ ਵੱਡੇ ਪ੍ਰਾਜੈਕਟਾਂ ਦੀ ਸ਼ੁਰੂਆਤ ਕਰਨ ਦਾ ਸੁਭਾਗ ਬਖਸ਼ਿਆ ਏ।”

---------------------------------------------------------------

ਅਧਿਆਪਕਾਂ ਦੇ ਵਿੱਦਿਅਕ ਹੁਨਰ ਨੂੰ ਹੋਰ ਨਿਖ਼ਾਰਨ ਦੀ ਵਚਨਬੱਧਤਾ ਤਹਿਤ ਪੰਜਾਬ ਸਰਕਾਰ ਵੱਲੋਂ 50 ਹੈੱਡਮਾਸਟਰਾਂ ਦੇ ਚੌਥੇ ਬੈਚ ਨੂੰ ਵਿਸ਼ੇਸ਼ ਲੀਡਰਸ਼ਿਪ ਸਿਖਲਾਈ ਪ੍ਰੋਗਰਾਮ ਲਈ ਵੱਕਾਰੀ ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ (ਆਈ.ਆਈ.ਐਮ.), ਅਹਿਮਦਾਬਾਦ ਭੇਜਿਆ ਗਿਆ ਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੂਬੇ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਚੌਥਾ ਬੈਚ ਅੱਜ ਤੋਂ 7 ਨਵੰਬਰ 2025 ਤੱਕ "ਲੀਡਰਸ਼ਿਪ ਅਤੇ ਮੈਂਟਰਸ਼ਿਪ ਸਕਿੱਲਜ਼" ਬਾਰੇ ਇੱਕ ਹਫ਼ਤੇ ਦੇ ਸਿਖਲਾਈ ਪ੍ਰੋਗਰਾਮ ਵਿੱਚ ਸ਼ਾਮਲ ਹੋਵੇਗਾ, ਜੋ ਉਨ੍ਹਾਂ ਨੂੰ ਆਪਣੇ ਸਕੂਲਾਂ ਵਿੱਚ ਸਕਾਰਾਤਮਕ ਬਦਲਾਅ ਦੇ ਮਾਰਗਦਰਸ਼ਕ ਬਣਨ ਲਈ ਤਿਆਰ ਕਰੇਗਾ। ਸਿੱਖਿਆ ਮੰਤਰੀ ਨੇ ਐਲਾਨ ਕੀਤਾ ਕਿ ਇਸ ਅਭਿਆਸ ਨੂੰ ਜਾਰੀ ਰੱਖਦਿਆਂ 15 ਤੋਂ 19 ਦਸੰਬਰ, ਤੱਕ ਆਈ.ਆਈ.ਐਮ.ਅਹਿਮਦਾਬਾਦ ਵਿਖੇ ਸਿਖਲਾਈ ਲਈ ਹੈੱਡਮਾਸਟਰਾਂ ਦਾ 5ਵਾਂ ਬੈਚ ਭੇਜਿਆ ਜਾਵੇਗਾ।

----------------------------------------------------------------------

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਪੂਰੀ ਧਾਰਮਿਕ ਸ਼ਰਧਾ-ਭਾਵਨਾ ਨਾਲ ਮਨਾਇਆ ਜਾ ਰਿਹਾ ਏ। ਇਸੇ ਲੜੀ ਤਹਿਤ 4 ਨਵੰਬਰ ਤੋਂ ਸੂਬੇ ਦੇ

ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਸ਼ੁਰੂ ਹੋਣ ਜਾ ਰਹੇ ਨੇ। ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪੋਲੋ ਗਰਾਊਂਡ ਵਿਖੇ 4 ਨਵੰਬਰ ਨੂੰ ਸ਼ਾਮ 5 ਵਜੇ ਤੋਂ ਰਾਤ 8:30 ਵਜੇ ਤੱਕ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਸਮਾਗਮ ਦੌਰਾਨ ਉਹ ਆਪਣੇ ਪਰਿਵਾਰਾਂ ਤੇ ਦੋਸਤਾਂ ਸਮੇਤ ਜ਼ਰੂਰ ਪੁੱਜਣ। ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ’ਤੇ ਆਧਾਰਿਤ ਇਹ ਸ਼ੋਅ 45 ਮਿੰਟ ਦਾ ਹੋਵੇਗਾ ਅਤੇ ਇਸ ਤੋਂ ਪਹਿਲਾਂ 5:30 ਤੋਂ 6:30 ਵਜੇ ਤੱਕ ਢਾਡੀ ਵਾਰਾਂ ਨਾਲ ਗੁਰ ਇਤਿਹਾਸ ਤੋਂ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਸ਼ੋਅ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਾਨਵਤਾ ਅਤੇ ਦਇਆ ਦੇ ਸੰਦੇਸ਼ ਨੂੰ ਸੱਚੀ ਸ਼ਰਧਾਂਜ਼ਲੀ ਹੋਵੇਗੀ।

---------------------------------------------------------------------

ਮਾਲੀ ਲਚਕੀਲੇਪਨ ਅਤੇ ਪ੍ਰਸ਼ਾਸਨਿਕ ਕੁਸ਼ਲਤਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ, ਪੰਜਾਬ ਨੇ ਅਕਤੂਬਰ ਤੱਕ ਕੁੱਲ ਜੀ.ਐਸ.ਟੀ. ਸੰਗ੍ਰਹਿ ਵਿੱਚ 21.51 ਫੀਸਦੀ ਦਾ ਵਾਧਾ ਦਰਜ ਕੀਤਾ ਏ, ਜਦੋਂ ਕਿ ਇਕੱਲੇ ਅਕਤੂਬਰ ਮਹੀਨੇ ਵਿੱਚ 14.46 ਫੀਸਦੀ ਦਾ ਮਜ਼ਬੂਤ ਵਾਧਾ

ਹੋਇਆ ਏ। ਇਹ ਖੁਲਾਸਾ ਕਰਦਿਆਂ, ਪੰਜਾਬ ਦੇ ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵਿਆਪਕ ਹੜ੍ਹਾਂ ਅਤੇ ਜੀ.ਐਸ.ਟੀ. 2.0 ਤਹਿਤ ਹਾਲ ਹੀ ਵਿੱਚ ਟੈਕਸ ਦਰਾਂ ਨੂੰ ਤਰਕਸੰਗਤ ਬਣਾਉਣ ਦੇ ਬਾਵਜੂਦ ਸੂਬੇ ਦੇ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਏ। ਖਜ਼ਾਨਾ ਮੰਤਰੀ ਨੇ ਦੱਸਿਆ ਕਿ ਸੂਬੇ ਨੇ ਅਪ੍ਰੈਲ ਤੋਂ ਅਕਤੂਬਰ ਤੱਕ ਸ਼ੁੱਧ ਜੀ.ਐਸ.ਟੀ. ਵਜੋਂ 15 ਹਜ਼ਾਰ 683.59 ਕਰੋੜ ਰੁਪਏ ਪ੍ਰਾਪਤ ਕੀਤੇ ਨੇ, ਜਦੋਂ ਕਿ ਪਿਛਲੇ ਮਾਲੀ ਸਾਲ ਦੀ ਇਸੇ ਮਿਆਦ ਦੌਰਾਨ ਇਹ ਪ੍ਰਾਪਤੀ 12 ਹਜ਼ਾਰ 907.31 ਕਰੋੜ ਰੁਪਏ ਸੀ, ਜਿਸ ਵਿੱਚ ਕਿ 2 ਹਜ਼ਾਰ 776 ਕਰੋੜ ਰੁਪਏ ਦਾ ਸ਼ਾਨਦਾਰ ਵਾਧਾ ਏ।

----------------------------------------------------------------------

ਭਾਰਤ ਨੇ ਬੀਤੀ ਰਾਤ ਨਵੀਂ ਮੁੰਬਈ ਵਿੱਚ ਔਰਤਾਂ ਦੇ ICC ਵਿਸ਼ਵ ਕੱਪ ਦੇ ਫਾਈਨਲ ਵਿੱਚ ਦੱਖਣੀ ਅਫਰੀਕਾ ਨੂੰ 52 ਦੌੜਾਂ ਨਾਲ ਹਰਾ ਕੇ ਪਹਿਲੀ ਵਾਰ ਵਿਸ਼ਵ ਕੱਪ ਜਿੱਤ ਕੇ ਇਤਿਹਾਸ ਰਚਿਆ ਏ। ਭਾਰਤ ਨੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ 7 ਵਿਕਟਾਂ 'ਤੇ 298 ਦੌੜਾਂ ਬਣਾਈਆਂ। ਜਵਾਬ ਵਿੱਚ, ਦੱਖਣੀ ਅਫਰੀਕਾ ਦੀ ਟੀਮ 246 ਦੌੜਾਂ 'ਤੇ ਆਊਟ ਹੋ ਗਈ। ਸ਼ੈਫਾਲੀ ਵਰਮਾ ਨੂੰ 'ਪਲੇਅਰ ਆਫ ਦਿ ਮੈਚ' ਅਤੇ ਦੀਪਤੀ ਸ਼ਰਮਾ ਨੂੰ 'ਪਲੇਅਰ ਆਫ ਦਿ ਟੂਰਨਾਮੈਂਟ' ਐਲਾਨਿਆ ਗਿਆ। ਭਾਰਤੀ ਟੀਮ ਨੂੰ

ਆਪਣਾ ਪਹਿਲਾ ਵਿਸ਼ਵ ਕੱਪ ਜਿੱਤਣ 'ਤੇ ਵਧਾਈਆਂ ਦੇ ਸੁਨੇਹੇ ਮਿਲ ਰਹੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਲੋਕ ਸਭਾ ਸਪੀਕਰ ਓਮ ਬਿਰਲਾ, ਗ੍ਰਿਹ ਮੰਤਰੀ ਅਮਿਤ ਸ਼ਾਹ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਰਤੀ ਟੀਮ ਨੂੰ ਸ਼ਾਨਦਾਰ ਜਿੱਤ 'ਤੇ ਵਧਾਈ ਦਿੱਤੀ ਏ। ਭਾਰਤੀ ਟੀਮ ਦੀ ਇਸ ਪ੍ਰਾਪਤੀ ਨਾਲ ਦੇਸ਼ ਭਰ ਵਿੱਚ ਜਸ਼ਨ ਦਾ ਮਾਹੌਲ ਏ। ਇਸ ਤੋਂ ਪਹਿਲਾਂ ਭਾਰਤੀ  ਟੀਮ, ਦੋ ਵਾਰ ਫਾਈਨਲ ਵਿੱਚ ਪਹੁੰਚੀ ਸੀ, ਪਰ ਇਤਿਹਾਸ 2025 ਵਿੱਚ ਰਚਿਆ ਗਿਆ।

---------------------------------------------------